# ਦਫ਼ਤਰ ਭੋਂ ਪ੍ਰਾਪਤੀ ਕੁਲੈਕਟਰ, ਸ਼ਹਿਰੀ ਵਿਕਾਸ ਵਿਭਾਗ ਪੰਜਾਬ

(ਪੁੱਡਾ ਭਵਨ, ਸੈਕਟਰ-62, ਐਸ.ਏ.ਐਸ. ਨਗਰ)

ਸੇਵਾ ਵਿਖੇ

ਡਿਪਟੀ ਕਮਿਸ਼ਨਰ,
ਐਸ.ਏ.ਐਸ. ਨਗਰ, ਮੋਹਾਲੀ।
ਨੰ. ਗਮਾਡਾ-ਐਲ.ਏ.ਸੀ.2026/
ਮਿਤੀ:

ਵਿਸ਼ਾ- **ਐਸ.ਏ.ਐਸ. ਨਗਰ ਵਿਖੇ ਵਪਾਰਕ ਬੁਨਿਆਦੀ ਢਾਂਚੇ ਲਈ ਸੈਕਟਰ-87 ਦੀ ਸਥਾਪਨਾ ਲਈ ਭੋਂ ਪ੍ਰਾਪਤ ਕਰਨ ਬਾਰੇ-ਧਾਰਾ 8 ਅਧੀਨ ਕਾਰਵਾਈ।**

ਕਿਉਂਜੋ ਵਿਸ਼ੇ ਸਬੰਧੀ ਸਕੀਮ ਲਈ ਪ੍ਰਾਪਤ ਕੀਤੀ ਜਾ ਰਹੀ ਭੋਂ ਦੀ ਸੋਸ਼ਲ ਇੰਪੈਕਟ ਅਸੈਸਮੈਂਟ ਰਿਪੋਰਟ ਦੇ ਮੁਲਾਂਕਣ ਬਾਬਤ ਪੰਜਾਬ ਸਰਕਾਰ ਵੱਲੋ The Right to Fair Compensation and Transparency in Land Acquisition, Rehabilitation and Resettlement Act, 2013 ਅਧੀਨ ਗਠਿਤ ਕੀਤੇ ਐਕਸਪਰਟ ਗੁਰੱਪ ਨੇ ਘੋਖ ਕਰਨ ਉਪਰੰਤ ਇਸ ਸਕੀਮ ਲਈ ਨਿਮਨ ਪਿੰਡ ਦੀ ਤਜਵੀਜ ਕੀਤੀ ਭੋਂ ਪ੍ਰਾਪਤ ਕਰਨ ਦੀ ਸਿਫਾਰਸ਼ ਕੀਤੀ ਹੈ:-

**ਪਿੰਡਾਂ ਦਾ ਨਾਮ : ਮਾਣਕ ਮਾਜਰਾ, ਨਾਨੂੰ ਮਾਜਰਾ, ਸੰਭਾਲਕੀ ਅਤੇ ਸੋਹਾਣਾ**

ਸਾਰਾ ਮਾਮਲਾ ਸਰਕਾਰ ਦੇ ਪੱਧਰ ਤੇ ਵਿਚਾਰ ਕਰਦੇ ਹੋਏ ਯਕੀਨ ਕਰ ਲਿਆ ਹੈ ਕਿ ਸਕੀਮ ਲਈ ਤਜਵੀਜ ਕੀਤੀ ਭੋਂ ਪ੍ਰਾਪਤ ਕਰਨ ਕਰਕੇ ਲੋਕਾਂ ਦਾਂ ਘੱਟ ਤੋਂ ਘੱਟ ਉਜਾੜਾ ਹੋਵੇਗਾ, ਬੁਨਿਆਦੀ ਢਾਂਚੇ ,ਵਾਤਾਵਰਣ ਵਿੱਚ ਘੱਟੋਂ ਘੱਟ ਗੜਬੜ ਅਤੇ ਪ੍ਰਭਾਵਿਤ ਵਿਅਕਤੀਆਂ ਵਿੱਚ ਘੱਟੋਂ ਘੱਟ ਪ੍ਰਤੀਕੂਲ ਪ੍ਰਭਾਵ ਪਵੇਗਾ। ਲਿਹਾਜਾ ਸਮਰਥ ਅਥਾਰਟੀ ਵੱਲੋਂ ਇਸ ਸਕੀਮ ਲਈ ਤਜਵੀਜ ਕੀਤੀ ਭੋਂ ਪ੍ਰਾਪਤ ਕਰਨ ਦਾ ਫੈਸਲਾ ਲਿਆ ਹੈ।

ਭੋਂ ਪ੍ਰਾਪਤੀ ਕੁਲੈਕਟਰ

ਪਿੱਠ ਅੰਕਣ ਨੰ .ਗਮਾਡਾ-ਐਲ.ਏ.ਸੀ.2026/ 1927 ਮਿਤੀ: 11/02/26

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਘੱਲਿਆ ਜਾਂਦਾ ਹੈ:-

1. ਸਬ-ਡਵੀਜਨਲ ਮੈਜਿਸਟਰੇਟ, ਮੋਹਾਲੀ।
2. ਤਹੀਸੀਲਦਾਰ, ਮੋਹਾਲੀ।
3. ਸਰਪੰਚ, ਪਿੰਡ **ਮਾਣਕ ਮਾਜਰਾ, ਨਾਨੂੰ ਮਾਜਰਾ, ਸੰਭਾਲਕੀ ਅਤੇ ਸੋਹਾਣਾ** ਇਸ ਪੱਤਰ ਬਾਬੰਤ ਪਿੰਡ ਵਿੱਚ ਮੁਨਾਦੀ ਕਰਵਾਈ ਜਾਵੇ ਅਤੇ ਇਸ ਪੱਤਰ ਦੀ ਨਕਲ ਪਿੰਡ ਦੀਆਂ ਮਸਹੂਰ ਥਾਵਾਂ ਜਿਵੇਂ ਕਿ ਮੰਦਿਰ, ਗੁਰਦੁਆਰਾ ਸਾਹਿਬ, ਮਸਜਿਦ , ਜੰਜ –ਘਰ, ਕਮਿਊਨਿਟੀ ਸੈਂਟਰ ਆਦ ਦੇ ਨੋਟਿਸ ਬੋਰਡ ਤੇ ਚਸਪਾ ਕਰਵਾਈ ਜਾਵੇ।
4. ਜੀ.ਐਮ.(ਆਈ.ਟੀ), ਗਮਾਡਾ। ਇਹ ਪੱਤਰ ਗਮਾਡਾ ਦੀ ਵੈਬ-ਸਾਈਟ ਤੇ ਅਪ-ਲੋਡ ਕੀਤਾ ਜਾਵੇ।

ਭੋਂ ਪ੍ਰਾਪਤੀ ਕੁਲੈਕਟਰ